ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922
ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

ਵਾਰਡ ਨੰਬਰ 7 ਵਿੱਚ 31.24 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦਾ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਕੀਤਾ ਉਦਘਾਟਨ

ਮੰਤਰੀ ਸੌਂਦ ਦਾ ਵਿਰੋਧੀ ਪਾਰਟੀਆਂ 'ਤੇ ਤਿੱਖਾ ਹਮਲਾ, ਬੋਲੇ- ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਸ਼ਹਿਰ ਦਾ ਵਿਕਾਸ ਕਰਨ ਦੀ ਬਜਾਏ ਆਮ ਲੋਕਾਂ ਨੂੰ ਕੀਤਾ ਗਿਆ ਪਰੇਸ਼ਾਨ, 'ਆਪ' ਸਰਕਾਰ ਵਿੱਚ ਤੇਜ਼ੀ ਨਾਲ ਹੋ ਰਹੇ ਹਨ ਵਿਕਾਸ ਕਾਰਜ

ਵਰਲਡ ਪੰਜਾਬੀ ਟਾਈਮਜ਼

ਖੰਨਾ, 30 ਅਕਤੂਬਰ:ਖੰਨਾ ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਤੇ ਖੰਨਾ ਦੇ ਵਿਧਾਇਕ ਤਰਨਪ੍ਰੀਤ ਸਿੰਘ ਸੌਂਦ ਨੇ ਵਾਰਡ ਨੰਬਰ 7 (ਪੁਰਾਣਾ ਵਾਰਡ ਨੰਬਰ 5) ਵਿੱਚ ਸਰਕਾਰੀ ਸਕੂਲ ਤੋਂ ਰੱਤਣਹੇੜੀ ਰੋਡ ਤੱਕ 31.24 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਜਾਣ ਵਾਲੇ ਨਵੇਂ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਅਤੇ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਮੌਜੂਦ ਸਨ।

ਇਸ ਮੌਕੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਨਗਰ ਕੌਂਸਲ ਬਣਨ ਤੋਂ ਬਾਅਦ ਖੰਨਾ ਸ਼ਹਿਰ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਮਿਲੀ ਹੈ। ਸ਼ਹਿਰ ਵਿੱਚ ਲੰਬੇ ਸਮੇਂ ਤੋਂ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਮੁੜ ਸ਼ੁਰੂ ਕਰਵਾਇਆ ਜਾ ਰਿਹਾ ਹੈ ਅਤੇ ਇਸ ਦੇ ਨਾਲ ਹੀ ਨਵੇਂ ਵਿਕਾਸ ਪ੍ਰੋਜੈਕਟ ਵੀ ਜੰਗੀ ਪੱਧਰ 'ਤੇ ਮੁਕੰਮਲ ਕਰਵਾਏ ਜਾ ਰਹੇ ਹਨ। ਉਨ੍ਹਾਂ ਦਾ ਉਦੇਸ਼ ਸ਼ਹਿਰ ਦੇ ਹਰੇਕ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਕਰਨਾ ਹੈ।

ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਮੰਤਰੀ ਸੌਂਦ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਸ਼ਹਿਰ ਦੇ ਵਿਕਾਸ ਵੱਲ ਲੋੜੀਂਦਾ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਦੇ ਕਾਰਜਕਾਲ ਵਿੱਚ ਵਿਕਾਸ ਕਾਰਜ ਕਰਵਾਉਣ ਦੀ ਬਜਾਏ ਆਮ ਲੋਕਾਂ ਨੂੰ ਕਈ ਤਰ੍ਹਾਂ ਦੀਆਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਨਗਰ ਕੌਂਸਲ ਸ਼ਹਿਰ ਦੇ ਵਿਕਾਸ ਲਈ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੀ ਹੈ। ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਜ਼ਮੀਨੀ ਪੱਧਰ 'ਤੇ ਪੂਰਾ ਕਰਨਾ ਹੀ ਉਨ੍ਹਾਂ ਦੀ ਮੁੱਖ ਤਰਜੀਹ ਹੈ।

ਮੰਤਰੀ ਸੌਂਦ ਨੇ ਕਿਹਾ ਕਿ ਖੰਨਾ ਸ਼ਹਿਰ ਦੇ ਵਿਕਾਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਹਰੇਕ ਵਾਰਡ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਕਰਵਾਏ ਜਾਣਗੇ, ਤਾਂ ਜੋ ਸ਼ਹਿਰ ਵਾਸੀਆਂ ਨੂੰ ਬਿਹਤਰ ਸੜਕਾਂ, ਬੁਨਿਆਦੀ ਸਹੂਲਤਾਂ ਅਤੇ ਸਾਫ਼-ਸੁਥਰਾ ਵਾਤਾਵਰਣ ਮਿਲ ਸਕੇ। ਉਨ੍ਹਾਂ ਕਿਹਾ ਕਿ ਵਿਕਾਸ ਦੀ ਇਹ ਰਫ਼ਤਾਰ ਆਉਣ ਵਾਲੇ ਸਮੇਂ ਵਿੱਚ ਵੀ ਲਗਾਤਾਰ ਜਾਰੀ ਰਹੇਗੀ।

ਇਸ ਮੌਕੇ ਨਗਰ ਕੌਂਸਲ ਖੰਨਾ ਦੇ ਪ੍ਰਧਾਨ ਜਤਿੰਦਰ ਪਾਠਕ, ਸੀਨੀਅਰ ਮੀਤ ਪ੍ਰਧਾਨ ਹਰੀਸ਼ ਗੁਪਤਾ, ਮੀਤ ਪ੍ਰਧਾਨ ਕਰਮਜੀਤ ਸਿਫ਼ਤੀ, ਈਓ ਚਰਨਜੀਤ ਸਿੰਘ ਸਮੇਤ ਆਮ ਆਦਮੀ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ, ਪਾਰਟੀ ਵਰਕਰ ਅਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

ਰਾਸ਼ਟਰੀ ਗਤਕਾ ਮੁਕਾਬਲੇ 'ਚੋਂ ਗੋਲਡ ਮੈਡਲ ਹਾਸਲ ਕਰਨ ਵਾਲੀ ਖਿਡਾਰਨ ਦਾ ਕੀਤਾ ਸਨਮਾਨ

ਵਰਲਡ ਪੰਜਾਬੀ ਟਾਈਮਜ਼
ਟਿੰਕੂ ਕੁਮਾਰ

ਕੋਟਕਪੂਰਾ, 30 ਅਕਤੂਬਰ : ਡਾ. ਚੰਦਾ ਸਿੰਘ ਮਰਵਾਹ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਕੋਟਕਪੂਰਾ ਦੀ ਵਿਦਿਆਰਥਣ ਅਮਨਦੀਪ ਕੌਰ ਨੇ ਦਿੱਲੀ ਵਿਖੇ ਹੋਏ ਅੰਡਰ 19 ਸਕੂਲੀ ਰਾਸ਼ਟਰੀ ਗਤਕਾ ਖੇਡ ਮੁਕਾਬਲੇ ਵਿਚ ਗੋਲਡ ਮੈਡਲ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਪ੍ਰਭਜੋਤ ਸਿੰਘ ਸਹੋਤਾ ਨੇ ਦੱਸਿਆ ਕਿ ਰਾਸ਼ਟਰੀ ਪੱਧਰ

ਗੋਲਡ ਮੈਡਲ ਪ੍ਰਾਪਤ ਕਰਨਾ ਇਲਾਕੇ ਲਈ ਮਾਣ ਵਾਲੀ ਗੱਲ ਹੈ। ਸੰਸਥਾ ਦੀਆਂ ਪੰਜ ਵਿਦਿਆਰਥਣਾਂ ਪ੍ਰੀਆ ਕੌਰ, ਏਕਮ ਕੌਰ, ਸੁਨੇਹਾ ਤੇ ਮਨਤ੍ਰਿਪਤ ਕੌਰ ਨੇ ਇਨ੍ਹਾਂ ਖੇਡਾਂ ਵਿੱਚ ਗੁਰਪ੍ਰੀਤ ਸਿੰਘ ਗੱਤਕਾ ਕੋਚ ਦੀ ਅਗਵਾਈ ਵਿੱਚ ਹਿੱਸਾ ਲਿਆ। ਅੱਜ ਸਕੂਲ ਵਿਖੇ ਪਹੁੰਚਣ 'ਤੇ ਇਨ੍ਹਾਂ ਵਿਦਿਆਰਥਣਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਸ੍ਰ. ਸਹੋਤਾ ਨੇ ਆਪਣੇ ਸੰਬੋਧਨ ਦੌਰਾਨ ਜਿੱਥੇ ਇਨ੍ਹਾਂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ, ਉੱਥੇ ਵਿਦਿਆਰਥੀਆਂ ਨੂੰ ਖੇਡਾਂ ਵਿਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਉੱਘੇ ਸਮਾਜ ਸੇਵੀ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਵਿਦਿਆਰਥੀਆਂ ਵੱਲੋਂ ਕੀਤੀਆਂ ਗਈਆਂ ਪ੍ਰਾਪਤੀ ਲਈ ਵਿਸ਼ੇਸ਼ ਤੌਰ 'ਤੇ ਵਧਾਈ ਦਿੰਦਿਆਂ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਤੋਂ ਇਲਾਵਾ ਗੁਰਮੀਤ ਸਿੰਘ ਮੀਤਾ, ਵਰਿੰਦਰ ਸਿੰਘ, ਚੰਦਨ ਕੌਰ ਸੋਢੀ, ਸ਼ਵਿੰਦਰ ਕੌਰ, ਜਸਕਰਨ ਕੌਰ, ਵਿਵੇਕ ਕਪੂਰ, ਬੂਟਾ ਸਿੰਘ ਵਾਕਫ਼, ਸਵਰਨਪਾਲ ਸਿੰਘ, ਚੰਦਨ ਸਿੰਘ ਡੀ.ਪੀ.ਈ., ਹਰਵਿੰਦਰ ਕੌਰ ਡੀ.ਪੀ.ਈ. ਸਮੇਤ ਸਮੁੱਚਾ ਸਟਾਫ਼ ਮੌਜੂਦ ਸੀ।

ਪੀਏਯੂ ਮਾਈਕ੍ਰੋਬਾਇਓਲੋਜੀ ਪੀਐਚ.ਡੀ. ਸਕਾਲਰ ਐਮ.ਐਸ. ਤਰੁਣਪ੍ਰੀਤ ਕੌਰ, ਨੈਸ਼ਨਲ ਸਿੰਪੋਜ਼ੀਅਮ ਵਿੱਚ ਬੈਗ ਦੂਜਾ ਸਰਵੋਤਮ ਪੋਸਟਰ ਪੁਰਸਕਾਰ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 30 ਅਕਤੂਬਰ : ਪੀਏਯੂ ਦੇ ਕਾਲਜ ਆਫ਼ ਬੇਸਿਕ ਸਾਇੰਸਜ਼ ਐਂਡ ਹਿਊਮੈਨਟੀਜ਼, ਮਾਈਕ੍ਰੋਬਾਇਓਲੋਜੀ ਵਿਭਾਗ ਦੀ ਪੀਐਚ.ਡੀ. ਵਿਦਿਆਰਥਣ ਸ਼੍ਰੀਮਤੀ ਤਰੁਣਪ੍ਰੀਤ ਕੌਰ ਨੂੰ 22-23 ਅਕਤੂਬਰ, 2026 ਦੌਰਾਨ ਆਈਸੀਏਆਰ-ਸੈਂਟਰਲ ਆਲੂ ਖੋਜ ਸੰਸਥਾ, ਸ਼ਿਮਲਾ, ਹਿਮਾਚਲ ਪ੍ਰਦੇਸ਼ ਵਿਖੇ ਆਯੋਜਿਤ ਰਾਸ਼ਟਰੀ ਸਿੰਪੋਜ਼ੀਅਮ ਵਿੱਚ ਦੂਜੇ ਸਰਵੋਤਮ ਪੋਸਟਰ ਪੇਸ਼ਕਾਰੀ ਨਾਲ ਸਨਮਾਨਿਤ ਕੀਤਾ ਗਿਆ ਹੈ।

ਉਸਨੇ ਆਪਣੇ ਮਾਸਟਰ ਦੇ ਖੋਜ ਕਾਰਜ ਦੇ ਇੱਕ ਹਿੱਸੇ ਦੀ ਪ੍ਰਤੀਨਿਧਤਾ "ਮਸ਼ਰੂਮ ਡਾਇਨਾਮਿਕਸ-ਫਾਈਲੋਜੈਨੇਟਿਕਸ, ਪੈਥੋਜੇਨੇਸਿਸ, ਅਤੇ ਮਸ਼ਰੂਮ ਹੈਲਥ ਵਿੱਚ ਫਰੰਟੀਅਰਜ਼" ਥੀਮ ਵਿੱਚ ਪੋਸਟਰ ਵਜੋਂ ਕੀਤੀ, ਜਿਸਦਾ ਸਿਰਲੇਖ ਸੀ "ਇਨ ਵਿਟਰੋ ਕੈਰੇਕਟਰਾਈਜ਼ੇਸ਼ਨ ਆਫ਼ ਫੀਨੋਟਾਈਪਿਕ ਐਂਡ ਪੈਥੋਜੈਨਿਕ ਵੇਰੀਏਬਿਲਿਟੀ ਆਫ਼ ਮਾਈਕੋਗੋਨ ਪਰਨੀਸੀਓਸਾ ਆਈਸੋਲੇਟਸ", ਡਾ. ਗਗਨਦੀਪ ਕੌਰ (ਫੂਡ ਮਾਈਕ੍ਰੋਬਾਇਓਲੋਜਿਸਟ) ਅਤੇ ਡਾ. ਯੋਗਿਤਾ ਬੋਹਰਾ (ਸਹਾਇਕ ਪ੍ਰੋਫੈਸਰ, ਪਲਾਂਟ ਪੈਥੋਲੋਜੀ)।

ਪੀਏਯੂ ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ ਅਤੇ ਕਾਲਜ ਆਫ਼ ਬੇਸਿਕ ਸਾਇੰਸਜ਼ ਐਂਡ ਹਿਊਮੈਨਟੀਜ਼ ਦੇ ਡੀਨ ਡਾ. ਕਮਲ ਵੱਟ ਅਤੇ ਮਾਈਕ੍ਰੋਬਾਇਓਲੋਜੀ ਵਿਭਾਗ ਦੀ ਮੁਖੀ ਡਾ. ਉਰਮਿਲਾ ਗੁਪਤਾ ਨੇ ਇਸ ਪ੍ਰਾਪਤੀ ਲਈ ਵਿਦਿਆਰਥਣ ਅਤੇ ਉਸ ਦੇ ਗਾਈਡ ਨੂੰ ਵਧਾਈ ਦਿੱਤੀ ਅਤੇ ਭਵਿੱਖ ਦੇ ਸਾਰੇ ਯਤਨਾਂ ਵਿੱਚ ਉਸਦੀ ਸਫਲਤਾ ਦੀ ਕਾਮਨਾ ਕੀਤੀ।

ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਮਾਹ 2026 ਦੌਰਾਨ ਸੂਬੇ ਭਰ 'ਚ ਵੱਡੇ ਪੱਧਰ 'ਤੇ ਕਰਵਾਏ ਜਾਣਗੇ ਸਮਾਗਮ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 30 ਅਕਤੂਬਰ : ਭਾਸ਼ਾ ਵਿਭਾਗ, ਪੰਜਾਬ ਵੱਲੋਂ ਪੰਜਾਬੀ ਮਾਹ 2026 ਦੌਰਾਨ ਸੂਬੇ ਭਰ 'ਚ 01 ਤੋਂ 30 ਨਵੰਬਰ ਤੱਕ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੱਡੇ ਪੱਧਰ 'ਤੇ ਸਾਹਿਤਕ ਤੇ ਸੱਭਿਆਚਾਰਕ ਸਮਾਗਮ ਕਰਵਾਏ ਜਾਣਗੇ। ਇਨ੍ਹਾਂ ਸਮਾਗਮਾਂ ਦਾ ਉਦਘਾਟਨ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ 1 ਨਵੰਬਰ ਨੂੰ ਭਾਸ਼ਾ ਭਵਨ, ਪਟਿਆਲਾ ਦੇ ਓਪਨ ਏਅਰ ਥਿਏਟਰ ਵਿਖੇ ਹੋਣ ਵਾਲੇ ਸਾਹਿਤਕ ਤੇ ਸੰਗੀਤਕ ਸਮਾਗਮ ਦੌਰਾਨ ਕਰਨਗੇ। ਡਾਇਰੈਕਟਰ ਭਾਸ਼ਾਵਾਂ ਸ. ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਡਾ. ਜਗਦੀਪ ਸਿੰਘ ਉਪ ਕੁਲਪਤੀ ਪੰਜਾਬੀ ਯੂਨੀਵਰਸਿਟੀ, ਪਟਿਆਲਾ ਕਰਨਗੇ ਅਤੇ ਪੰਜਾਬ ਸਾਹਿਤ ਅਕਾਦਮੀ, ਚੰਡੀਗੜ੍ਹ ਦੇ ਪ੍ਰਧਾਨ ਡਾ. ਆਤਮ ਰੰਧਾਵਾ ਕੁੰਜੀਵਤ ਭਾਸ਼ਣ ਦੇਣਗੇ। ਇਸ ਮੌਕੇ ਸੂਫ਼ੀ ਗਾਇਕ ਯਾਕੂਬ ਸੰਗੀਤਕ ਪੇਸ਼ਕਾਰੀਆਂ ਦੇਣਗੇ।

ਪੰਜਾਬੀ ਮਾਹ ਦੇ ਸਮਾਗਮਾਂ ਦੀ ਲੜੀ ਵਿੱਚ 3 ਨਵੰਬਰ ਨੂੰ ਸ਼ਹੀਦ ਭਗਤ ਸਿੰਘ ਨਗਰ ਵਿਖੇ ਨਾਟਕ 'ਪੀੜ੍ਹੀ ਦਰ ਪੀੜ੍ਹੀ' ਦਾ ਮੰਚਨ, 4 ਨਵੰਬਰ ਨੂੰ ਪਟਿਆਲਾ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 6 ਨਵੰਬਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਿਖੇ ਸਾਹਿਤਕ ਸਖ਼ਸ਼ੀਅਤ ਨਾਲ ਰੂਬਰੂ, 11 ਨਵੰਬਰ ਨੂੰ ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ) ਵਿਖੇ ਪੁਆਧੀ ਕਵੀ ਦਰਬਾਰ, 12 ਨਵੰਬਰ ਨੂੰ ਕਪੂਰਥਲਾ ਵਿਖੇ ਗੋਸ਼ਟੀ- ਸ੍ਰੀ ਗੁਰੂ ਨਾਨਕ ਦੇਵ ਜੀ ਦਾ ਫਲਸਫ਼ਾ ਅਤੇ ਫ਼ਰੀਦਕੋਟ ਵਿਖੇ ਰੂਬਰੂ ਤੇ ਨਾਟਕ ਮੰਚਨ,13 ਨਵੰਬਰ ਨੂੰ ਫ਼ਤਹਿਗੜ੍ਹ ਸਾਹਿਬ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 17 ਨਵੰਬਰ ਨੂੰ ਮਾਨਸਾ ਵਿਖੇ ਵਿਦਵਾਨ ਸਖਸ਼ੀਅਤ ਨਾਲ ਰੂਬਰੂ ਸਾਹਿਤ ਸਿਰਜਣ ਤੇ ਪੜ੍ਹਨ ਬਾਰੇ ਸਾਹਿਤਕ ਵਰਕਸ਼ਾਪ, 18 ਨਵੰਬਰ ਨੂੰ ਸੰਗਰੂਰ ਵਿਖੇ ਵਿਦਵਾਨ ਸਖਸ਼ੀਅਤ ਨਾਲ ਰੂਬਰੂ ਤੇ ਕਵੀ ਦਰਬਾਰ, 17-18-19 ਨਵੰਬਰ ਨੂੰ ਪਟਿਆਲਾ, ਸੰਗਰੂਰ ਜਾਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪੰਜਾਬੀ ਮਾਹ ਸਾਹਿਤ ਉਤਸਵ, 18 ਨਵੰਬਰ ਨੂੰ ਫਤਹਿਗੜ੍ਹ ਸਾਹਿਬ ਵਿਖੇ ਰਾਜ ਪੱਧਰੀ- ਬਾਲ ਸਾਹਿਤ (ਪ੍ਰਸ਼ਨੋਤਰੀ) ਕੁਇਜ਼ ਮੁਕਾਬਲੇ,18-19 ਨਵੰਬਰ ਨੂੰ ਪਠਾਨਕੋਟ ਵਿਖੇ ਸਾਹਿਤਕ ਵਿਚਾਰ-ਚਰਚਾ ਤੇ ਕਵੀ ਦਰਬਾਰ, 19 ਨਵੰਬਰ ਨੂੰ ਫਰੀਦਕੋਟ ਵਿਖੇ ਕਵੀ ਦਰਬਾਰ, 20 ਨਵੰਬਰ ਨੂੰ ਹੁਸ਼ਿਆਰਪੁਰ ਵਿਖੇ ਸੈਮੀਨਾਰ- ਬੱਬਰ ਅਕਾਲੀ ਲਹਿਰ ਤੇ ਆਦਿ ਧਰਮ ਲਹਿਰ ਅਤੇ ਫਿਰੋਜ਼ਪੁਰ ਵਿਖੇ ਨਾਟਕ ਦਾ ਮੰਚਨ, 23 ਨਵੰਬਰ ਨੂੰ ਬਠਿੰਡਾ ਵਿਖੇ ਪੰਜਾਬੀ ਨਾਟਕ ਮੁਕਾਬਲੇ, 25 ਨਵੰਬਰ ਨੂੰ ਮੋਗਾ ਵਿਖੇ ਪੰਜਾਬ ਰਾਜ ਭਾਸ਼ਾ ਸਮਾਗਮ ਤੇ ਨਾਟਕ, 26 ਨਵੰਬਰ ਨੂੰ ਮੁਕਤਸਰ ਸਾਹਿਬ ਵਿਖੇ ਕਵੀਸ਼ਰੀ ਕਲਾ ਬਾਰੇ ਚਰਚਾ ਤੇ ਕਵੀਸ਼ਰੀ ਗਾਇਨ ਅਤੇ ਮੁੱਖ ਦਫਤਰ ਪਟਿਆਲਾ ਵਿਖੇ ਪੰਜਾਬ ਦੀ ਭਾਸ਼ਾ ਨੀਤੀ ਸਬੰਧੀ ਗੋਸ਼ਟੀ, 27 ਨਵੰਬਰ ਨੂੰ ਤਰਨਤਾਰਨ ਵਿਖੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, ਲੁਧਿਆਣਾ ਵਿਖੇ ਪੰਜਾਬੀ ਭਾਸ਼ਾ ਤੇ ਜਨਜੀਵਨ ਬਾਰੇ ਵਿਚਾਰ ਚਰਚਾ ਅਤੇ ਕਵੀਸ਼ਰੀ/ਢਾਡੀ ਗਾਇਨ, ਦਿੱਲੀ ਵਿਖੇ ਅਜੀਤ ਕੌਰ ਦੀ ਕਹਾਣੀ ਕਲਾ ਬਾਰੇ ਸਮਾਗਮ, ਚੰਡੀਗੜ੍ਹ ਵਿਖੇ ਰੂਬਰੂ, ਮੋਗਾ ਵਿਖੇ ਪੰਜਾਬੀ ਸਾਹਿਤ ਸਿਰਜਣ ਅਤੇ ਕਵਿਤਾ ਗਾਇਨ ਮੁਕਾਬਲੇ, ਬਰਨਾਲਾ ਵਿਖੇ ਲੋਕ ਕਵੀ ਸੰਤ ਰਾਮ ਉਦਾਸੀ ਦਾ ਕਾਵਿ ਸੰਸਾਰ ਵਿਸ਼ੇ ਤੇ ਚਰਚਾ ਤੇ ਸਥਾਨਕ ਕਵੀਆਂ ਤੇ ਅਧਾਰਤ ਕਵੀ ਦਰਬਾਰ, 30 ਨਵੰਬਰ ਨੂੰ ਮੁੱਖ ਦਫਤਰ, ਪਟਿਆਲਾ ਵਿਖੇ ਪੰਜਾਬੀ ਮਾਹ ਦਾ ਵਿਦਾਇਗੀ ਸਮਾਗਮ ਹੋਵੇਗਾ ਜਿਸ ਦੌਰਾਨ ਸਰਵੋਤਮ ਹਿੰਦੀ, ਸੰਸਕ੍ਰਿਤ, ਉਰਦੂ ਪੁਰਸਕਾਰਾਂ ਦੀ ਵੰਡ ਕੀਤੀ ਜਾਵੇਗੀ।

ਜਨਗਣਨਾ 2027 ਜਾਗਰੂਕਤਾ ਸਟਾਲ ਪੀ.ਏ.ਯੂ. ਯੁਵਕ ਮੇਲੇ ਵਿੱਚ ਵਿਦਿਆਰਥੀਆਂ ਅਤੇ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਬਣਿਆ

16 ਤੋਂ 30 ਨਵੰਬਰ ਤੱਕ ਨਾਗਰਿਕ https://se.census.gov.in ਰਾਹੀਂ ਘਰ ਬੈਠੇ ਕਰ ਸਕਣਗੇ ਸਵੈ-ਗਣਨਾ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ, 30 ਅਕਤੂਬਰ : ਜਨਗਣਨਾ ਵਿਭਾਗ, ਚੰਡੀਗੜ੍ਹ ਅਤੇ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਦੇ ਸਾਂਝੇ ਯਤਨਾਂ ਸਦਕਾ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.), ਲੁਧਿਆਣਾ ਵਿਖੇ ਅੱਜ ਸ਼ੁਰੂ ਹੋਏ ਅੱਠ ਰੋਜ਼ਾ ਯੁਵਕ ਮੇਲੇ ਦੌਰਾਨ ਜਨਗਣਨਾ 2027 ਸਬੰਧੀ ਵਿਸ਼ੇਸ਼ ਜਾਗਰੂਕਤਾ ਸਟਾਲ ਲਗਾਇਆ ਗਿਆ, ਜੋ ਵਿਦਿਆਰਥੀਆਂ, ਨੌਜਵਾਨਾਂ ਅਤੇ ਮੇਲੇ ਵਿੱਚ ਆਉਣ ਵਾਲੇ ਦਰਸ਼ਕਾਂ ਲਈ ਖਿੱਚ ਦਾ ਕੇਂਦਰ ਬਣਿਆ।

ਇਹ ਪਹਿਲਕਦਮੀ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਧਿਕਾਰੀ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਅਤੇ ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਜਨਗਣਨਾ ਅਧਿਕਾਰੀ ਸ੍ਰੀਮਤੀ ਸ਼੍ਰੇਯਾਂਸੀ ਜੈਨ ਦੀ ਅਗਵਾਈ ਹੇਠ ਕੀਤੀ ਗਈ। ਇਸ ਦਾ ਮੁੱਖ ਉਦੇਸ਼ ਆਮ ਲੋਕਾਂ ਨੂੰ ਜਨਗਣਨਾ 2027 ਦੇ ਦੂਜੇ ਪੜਾਅ ਅਤੇ ਇਸ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਸੀ।

ਸਟਾਲ ਰਾਹੀਂ ਲੋਕਾਂ ਨੂੰ ਜਨਗਣਨਾ ਦੀ ਪ੍ਰਕਿਰਿਆ, ਸਵੈ-ਗਣਨਾ ਦੀ ਸਹੂਲਤ ਅਤੇ ਇਸ ਵਿੱਚ ਹਰੇਕ ਨਾਗਰਿਕ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਵੈ-ਗਣਨਾ ਸਹੂਲਤ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ, ਜੋ ਪੰਜਾਬ ਭਰ ਵਿੱਚ 16 ਨਵੰਬਰ ਤੋਂ 30 ਨਵੰਬਰ, 2026 ਤੱਕ ਉਪਲਬਧ ਰਹੇਗੀ। ਨਾਗਰਿਕ https://se.census.gov.in 'ਤੇ ਜਾ ਕੇ ਆਪਣੇ ਘਰ ਦੀ ਲੋੜੀਂਦੀ ਜਾਣਕਾਰੀ ਆਨਲਾਈਨ ਦਰਜ ਕਰਵਾ ਸਕਦੇ ਹਨ। ਸਫਲਤਾਪੂਰਵਕ ਜਾਣਕਾਰੀ ਜਮ੍ਹਾਂ ਕਰਵਾਉਣ ਉਪਰੰਤ ਇੱਕ ਸਵੈ-ਗਣਨਾ ਆਈ.ਡੀ. ਜਾਰੀ ਹੋਵੇਗੀ, ਜਿਸ ਨੂੰ ਬਾਅਦ ਵਿੱਚ ਘਰ ਆਉਣ ਵਾਲੇ ਗਣਨਾਕਾਰ ਨਾਲ ਸਾਂਝਾ ਕਰਨਾ ਲਾਜ਼ਮੀ ਹੋਵੇਗਾ। ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਘਰਾਂ ਦੀ ਗਿਣਤੀ ਸਬੰਧੀ ਫੀਲਡ ਵਰਕ 1 ਦਸੰਬਰ, 2026 ਤੋਂ 4 ਜਨਵਰੀ, 2027 ਤੱਕ ਕੀਤਾ ਜਾਵੇਗਾ, ਜਦਕਿ 5 ਤੋਂ 9 ਜਨਵਰੀ, 2027 ਤੱਕ ਸੋਧ ਦਾ ਦੌਰ ਚੱਲੇਗਾ। ਇਸ ਦੌਰਾਨ ਗਣਨਾਕਾਰ ਘਰ-ਘਰ ਜਾ ਕੇ ਲੋੜੀਂਦੀ ਜਾਣਕਾਰੀ ਇਕੱਤਰ ਕਰਨਗੇ।

ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਸਵੈ-ਗਣਨਾ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਆਪਣੀ ਆਈ.ਡੀ. ਗਣਨਾਕਾਰ ਨਾਲ ਸਾਂਝੀ ਕਰਨ। ਇਸ ਨਾਲ ਸਮੇਂ ਦੀ ਬੱਚਤ ਹੋਵੇਗੀ ਅਤੇ ਜਾਣਕਾਰੀ ਇਕੱਤਰ ਕਰਨ ਦੀ ਪ੍ਰਕਿਰਿਆ ਨੂੰ ਹੋਰ ਸੁਚਾਰੂ, ਤੇਜ਼ ਅਤੇ ਸਹੀ ਬਣਾਉਣ ਵਿੱਚ ਮਦਦ ਮਿਲੇਗੀ। ਇਸ ਜਾਗਰੂਕਤਾ ਮੁਹਿੰਮ ਦਾ ਉਦੇਸ਼ ਨੌਜਵਾਨਾਂ ਨੂੰ ਜਨਗਣਨਾ ਜਾਗਰੂਕਤਾ ਦੇ ਦੂਤ ਵਜੋਂ ਜੋੜਨਾ ਅਤੇ ਜਨਗਣਨਾ 2027 ਦੀ ਸਫਲਤਾ ਲਈ ਵੱਧ ਤੋਂ ਵੱਧ ਲੋਕਾਂ ਦੀ ਭਾਗੀਦਾਰੀ ਯਕੀਨੀ ਬਣਾਉਣਾ ਹੈ।

ਤੁਹਾਡੀ ਜਨਗਣਨਾ, ਤੁਹਾਡੀ ਭਾਗੀਦਾਰੀ, ਤੁਹਾਡਾ ਯੋਗਦਾਨ! ਨਾਗਰਿਕ 16 ਤੋਂ 30 ਨਵੰਬਰ, 2026 ਤੱਕ https://se.census.gov.in 'ਤੇ ਸਵੈ-ਗਣਨਾ ਕਰਕੇ ਜਨਗਣਨਾ 2027 ਦਾ ਹਿੱਸਾ ਬਣਨ।

ਕਿੰਨਾ ਗੰਦਾ ਤੇਰਾ ਸਰੀਰ ਹੈ

ਕਿੰਨਾ ਗੰਦਾ ਤੇਰਾ ਸਰੀਰ ਹੈ,
ਖੁਸ਼ਬੂ ਨੂੰ ਵੀ ਬਦਬੂ ਬਣਾ ਦਿੰਦਾ ਹੈ।
ਪਰ ਸੋਚ ਕੇ ਵੇਖ, ਇਹ ਸਰੀਰ ਕੀ ਹੈ?
ਇੱਕ ਮਿੱਟੀ ਦਾ ਪੁਤਲਾ, ਜੋ ਇੱਕ ਦਿਨ ਮਿੱਟੀ ਹੋ ਜਾਂਦਾ ਹੈ।

ਇਸ ਸਰੀਰ ਨੂੰ ਤੂੰ ਕਿੰਨਾ ਵੀ ਸਜਾ ਲੈ,
ਇਤਰ-ਫੁਲੇਲ ਲਾ ਕੇ ਮਹਿਕਾ ਲੈ।
ਪਰ ਅੰਦਰ ਦਾ ਮੈਲ ਜੇ ਨਾ ਧੋਵੇਂ,
ਬਾਹਰ ਦੀ ਖੁਸ਼ਬੂ ਕਦੇ ਕੰਮ ਨਹੀਂ ਆਉਂਦੀ ਹੈ।

ਸਰੀਰ ਤਾਂ ਸਿਰਫ਼ ਇੱਕ ਕੱਪੜਾ ਹੈ,
ਆਤਮਾ ਹੀ ਅਸਲੀ ਫੁੱਲ ਹੈ।
ਜੇ ਮਨ ਸਾਫ਼ ਹੋਵੇ, ਨੀਅਤ ਸਾਫ਼ ਹੋਵੇ,
ਤਾਂ ਮਿੱਟੀ ਵਿੱਚੋਂ ਵੀ ਖੁਸ਼ਬੂ ਆਉਂਦੀ ਹੈ।

ਸਰੀਰ ਦੀ ਗੰਦਗੀ ਤਾਂ ਪਾਣੀ ਨਾਲ ਧੁੱਲ ਜਾਂਦੀ ਹੈ,
ਪਰ ਮਨ ਦੀ ਗੰਦਗੀ ਨਾਮ ਨਾਲ ਧੁੱਲਦੀ ਹੈ।
ਜਿਸ ਦੇ ਮਨ ਵਿੱਚ ਪਿਆਰ, ਸੱਚ ਤੇ ਦਇਆ ਹੈ,
ਉਸ ਦੇ ਸਰੀਰ ਤੋਂ ਵੀ ਰੱਬ ਦੀ ਖੁਸ਼ਬੂ ਆਉਂਦੀ ਹੈ।

ਵਰਲਡ ਪੰਜਾਬੀ ਟਾਈਮਜ਼
ਸੁਰਜੀਤ ਸਾਰੰਗ

ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਟੀਮ ਵੱਲੋਂ ਪਰਾਲੀ ਪ੍ਰਬੰਧਨ ਦੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਜ਼ਿਲ੍ਹੇ ਦਾ ਦੌਰਾ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 30 ਅਕਤੂਬਰ:ਹਵਾ ਗੁਣਵੱਤਾ ਪ੍ਰਬੰਧਨ ਕਮਿਸ਼ਨ ਦੀ ਟੀਮ ਨੇ ਝੋਨੇ ਦੀ ਮੌਜੂਦਾ ਵਾਢੀ ਦੇ ਸੀਜ਼ਨ ਦੌਰਾਨ ਪਰਾਲੀ ਦੇ ਸੁਚੱਜੇ ਪ੍ਰਬੰਧਨ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਪ੍ਰਬੰਧਾਂ ਅਤੇ ਉਪਰਾਲਿਆਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਜ਼ਿਲ੍ਹੇ ਦਾ ਦੌਰਾ ਕੀਤਾ।ਇਸ ਟੀਮ ਵਿੱਚ ਹਵਾ ਗੁਣਵੱਤਾ ਕਮਿਸ਼ਨ (ਸੀ.ਏ.ਕਿਊ.ਐਮ) ਦੇ ਤਕਨੀਕੀ ਮੈਂਬਰ ਡਾ. ਐੱਸ. ਡੀ. ਅੱਤਰੀ ਅਤੇ ਵਿਗਿਆਨੀ-ਸੀ, ਵਿਜੇ ਕੁਮਾਰ ਸ਼ਾਮਲ ਸਨ।

ਦੌਰੇ ਦੌਰਾਨ ਕਮਿਸ਼ਨ ਦੀ ਟੀਮ ਨੇ ਸਭ ਤੋਂ ਪਹਿਲਾਂ ਤਹਿਸੀਲ ਸਮਾਣਾ ਦੇ ਪਿੰਡ ਬਦਨਪੁਰ ਵਿਖੇ ਸਥਿਤ ਮੈਸਰਜ਼ ਐੱਸ.ਪੀ.ਐੱਸ. ਈਕੋਫ੍ਰੈਂਡਲੀ ਫਿਊਲਜ਼ ਦੇ ਪਰਾਲੀ ਤੋਂ ਜੈਵਿਕ ਬਾਲਣ ਦੀਆਂ ਗੋਲੀਆਂ ਤਿਆਰ ਕਰਨ ਵਾਲੇ ਕਾਰਖਾਨੇ ਦਾ ਦੌਰਾ ਕੀਤਾ। ਟੀਮ ਦਾ ਸਵਾਗਤ ਕਰਦਿਆਂ ਉਪ ਮੰਡਲ ਮੈਜਿਸਟ੍ਰੇਟ ਸਮਾਣਾ ਰਿਚਾ ਗੋਇਲ ਨੇ ਪਰਾਲੀ ਪ੍ਰਬੰਧਨ ਸਬੰਧੀ ਜਾਣਕਾਰੀ ਦਿੱਤੀ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਕਮਿਸ਼ਨ ਦੀ ਟੀਮ ਨੇ ਕਾਰਖਾਨੇ ਦਾ ਨਿਰੀਖਣ ਕੀਤਾ ਅਤੇ ਪਰਾਲੀ ਤੋਂ ਜੈਵਿਕ ਬਾਲਣ ਦੀਆਂ ਗੋਲੀਆਂ ਤਿਆਰ ਕਰਨ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ। ਇਨ੍ਹਾਂ ਗੋਲੀਆਂ ਦੀ ਵਰਤੋਂ ਉਦਯੋਗਾਂ ਅਤੇ ਤਾਪ ਬਿਜਲੀ ਘਰਾਂ ਵਿੱਚ ਬਾਲਣ ਵਜੋਂ ਕੀਤੀ ਜਾਂਦੀ ਹੈ।

ਇਸ ਮੌਕੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਰਣਤੇਜ ਸ਼ਰਮਾ ਨੇ ਦੱਸਿਆ ਕਿ ਅਜਿਹੇ ਕਾਰਖਾਨੇ ਖੇਤਾਂ ਤੋਂ ਬਾਹਰ ਪਰਾਲੀ ਦੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਇਹ ਪਰਾਲੀ ਦੀ ਸੁਚੱਜੀ ਵਰਤੋਂ ਲਈ ਬਦਲਵਾਂ ਰਾਹ ਮੁਹੱਈਆ ਕਰਵਾਉਂਦੇ ਹਨ, ਜਿਸ ਨਾਲ ਕਿਸਾਨਾਂ ਨੂੰ ਪਰਾਲੀ ਸਾੜਨ ਤੋਂ ਬਚਣ ਵਿੱਚ ਮਦਦ ਮਿਲਦੀ ਹੈ ਅਤੇ ਇਸ ਨੂੰ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਵਿੱਚ ਯੋਗਦਾਨ ਪੈਂਦਾ ਹੈ।

ਇਸ ਤੋਂ ਬਾਅਦ ਕਮਿਸ਼ਨ ਦੀ ਟੀਮ ਨੇ ਤਹਿਸੀਲ ਪਾਤੜਾਂ ਦੇ ਪਿੰਡ ਦੁਤਾਲ ਅਤੇ ਪਿੰਡ ਗੁਲਾਹੜ ਦਾ ਦੌਰਾ ਕੀਤਾ। ਇਸ ਦੌਰਾਨ ਖੇਤਾਂ ਵਿੱਚ ਹੀ ਪਰਾਲੀ ਦੇ ਪ੍ਰਬੰਧਨ ਅਤੇ ਖੇਤਾਂ ਤੋਂ ਬਾਹਰ ਇਸ ਦੀ ਵਰਤੋਂ ਸਬੰਧੀ ਉਪਰਾਲਿਆਂ ਨੂੰ ਜ਼ਮੀਨੀ ਪੱਧਰ ’ਤੇ ਲਾਗੂ ਕਰਨ ਦੀ ਸਥਿਤੀ ਦਾ ਜਾਇਜ਼ਾ ਲਿਆ। ਟੀਮ ਨੇ ਦੋਵਾਂ ਪਿੰਡਾਂ ਦੇ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ। ਉਪ ਮੰਡਲ ਮੈਜਿਸਟ੍ਰੇਟ ਪਾਤੜਾਂ ਕਾਲਾ ਰਾਮ ਕਾਂਸਲ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੇ ਕਮਿਸ਼ਨ ਦੀ ਟੀਮ ਨੂੰ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਤਿਆਰੀਆਂ ਅਤੇ ਕਿਸਾਨਾਂ ਨੂੰ ਪਰਾਲੀ ਦੇ ਪ੍ਰਬੰਧਨ ਲਈ ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ ਮਸ਼ੀਨਰੀ ਮੁਹੱਈਆ ਕਰਵਾਉਣ ਸਬੰਧੀ ਕੀਤੇ ਗਏ ਪ੍ਰਬੰਧਾਂ ਬਾਰੇ ਜਾਣੂ ਕਰਵਾਇਆ।

ਕਿਸਾਨਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਜਾ ਰਹੇ ਸਰਗਰਮ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਸ਼ੇਸ਼ ਤੌਰ ’ਤੇ ਖੇਤੀਬਾੜੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ ਸਮੇਂ ਸਿਰ ਉਪਲਬਧ ਕਰਵਾਉਣ ਦੀ ਪ੍ਰਸ਼ੰਸਾ ਕੀਤੀ। ਕਿਸਾਨਾਂ ਅਨੁਸਾਰ, ਇਸ ਨਾਲ ਉਨ੍ਹਾਂ ਨੂੰ ਪਰਾਲੀ ਦੇ ਵਿਗਿਆਨਕ ਢੰਗ ਨਾਲ ਪ੍ਰਬੰਧਨ ਦੇ ਤਰੀਕੇ ਅਪਣਾਉਣ ਵਿੱਚ ਮਦਦ ਮਿਲੀ ਹੈ ਅਤੇ ਪਰਾਲੀ ਸਾੜਨ ਦੀ ਲੋੜ ਘਟੀ ਹੈ।

ਕਮਿਸ਼ਨ ਦੇ ਅਧਿਕਾਰੀਆਂ ਨੇ ਪਟਿਆਲਾ ਜ਼ਿਲ੍ਹੇ ਵਿੱਚ ਪਰਾਲੀ ਦੇ ਖੇਤਾਂ ਵਿੱਚ ਅਤੇ ਖੇਤਾਂ ਤੋਂ ਬਾਹਰ ਸੁਚੱਜੇ ਪ੍ਰਬੰਧਨ ਨੂੰ ਉਤਸ਼ਾਹਿਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ, ਖੇਤੀਬਾੜੀ ਵਿਭਾਗ ਅਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਵੱਲੋਂ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਅਤੇ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਟੀਮ ਨੇ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਆਪਣੇ ਯਤਨ ਜਾਰੀ ਰੱਖਣ ਅਤੇ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਨਿਰੰਤਰ ਨਿਗਰਾਨੀ ਯਕੀਨੀ ਬਣਾਉਣ ਦੀ ਅਪੀਲ ਕੀਤੀ।

ਵਿਸ਼ਵ ਸਟ੍ਰੋਕ ਦਿਵਸ ਮੌਕੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਲੋਕਾਂ ਨੂੰ ਸਟ੍ਰੋਕ ਪ੍ਰਤੀ ਜਾਗਰੂਕ ਹੋਣ ਦਾ ਦਿੱਤਾ ਸੱਦਾ

ਸਟ੍ਰੋਕ ਦੇ ਲੱਛਣ ਦਿਖਾਈ ਦੇਣ ’ਤੇ ਮਰੀਜ਼ ਨੂੰ ਤੁਰੰਤ ਹਸਪਤਾਲ ਪਹੁੰਚਾਉਣਾ ਜ਼ਰੂਰੀ: ਡਾ. ਬਲਬੀਰ ਸਿੰਘ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 30 ਅਕਤੂਬਰ : ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਗੰਭੀਰ ਬਿਮਾਰੀਆਂ ਦੀ ਰੋਕਥਾਮ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਦਿਸ਼ਾ ਵਿੱਚ ਵਿਸ਼ਵ ਸਟ੍ਰੋਕ ਦਿਵਸ ਮੌਕੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਲੋਕਾਂ ਨੂੰ ਸਟ੍ਰੋਕ ਦੀ ਬਿਮਾਰੀ ਪ੍ਰਤੀ ਜਾਗਰੂਕ ਹੋਣ ਦਾ ਸੱਦਾ ਦਿੱਤਾ।

ਸਮਾਗਮ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਵਿਸ਼ਵ ਸਟ੍ਰੋਕ ਦਿਵਸ ਮਨਾਉਣ ਦਾ ਮੁੱਖ ਉਦੇਸ਼ ਇਸ ਬਿਮਾਰੀ ਦੇ ਵਧ ਰਹੇ ਮਾਮਲਿਆਂ ਅਤੇ ਇਸ ਕਾਰਨ ਸਰੀਰ ਨੂੰ ਹੋਣ ਵਾਲੇ ਗੰਭੀਰ ਨੁਕਸਾਨਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਹੈ।

ਉਨ੍ਹਾਂ ਕਿਹਾ ਕਿ ਸਟ੍ਰੋਕ, ਜਿਸ ਨੂੰ ਆਮ ਭਾਸ਼ਾ ਵਿੱਚ ਲਕਵਾ ਜਾਂ ਅਧਰੰਗ ਕਿਹਾ ਜਾਂਦਾ ਹੈ, ਕਿਸੇ ਵੀ ਉਮਰ ਦੇ ਵਿਅਕਤੀ ਨੂੰ ਹੋ ਸਕਦਾ ਹੈ। ਇਸ ਬਿਮਾਰੀ ਕਾਰਨ ਸਰੀਰ ਦੇ ਕਿਸੇ ਹਿੱਸੇ ਦੀ ਕਾਰਜਸ਼ੀਲਤਾ ਪ੍ਰਭਾਵਿਤ ਹੋ ਸਕਦੀ ਹੈ ਅਤੇ ਗੰਭੀਰ ਹਾਲਤ ਵਿੱਚ ਮਰੀਜ਼ ਦੀ ਮੌਤ ਵੀ ਹੋ ਸਕਦੀ ਹੈ।

ਉਨ੍ਹਾਂ ਕਿਹਾ ਕਿ ਸਟ੍ਰੋਕ ਦੇ ਮਾਮਲੇ ਵਿੱਚ ਸਮੇਂ ਸਿਰ ਇਲਾਜ ਬਹੁਤ ਮਹੱਤਵਪੂਰਨ ਹੈ। ਜੇਕਰ ਮਰੀਜ਼ ਨੂੰ ਸਟ੍ਰੋਕ ਦੇ ਲੱਛਣ ਦਿਖਾਈ ਦੇਣ, ਤਾਂ ਉਸ ਨੂੰ ਬਿਨਾਂ ਕਿਸੇ ਦੇਰੀ ਦੇ ਹਸਪਤਾਲ ਪਹੁੰਚਾਉਣਾ ਚਾਹੀਦਾ ਹੈ, ਕਿਉਂਕਿ ਤੁਰੰਤ ਇਲਾਜ ਨਾਲ ਸਰੀਰ ਦੇ ਅੰਗਾਂ ਨੂੰ ਹੋਣ ਵਾਲੇ ਸਥਾਈ ਨੁਕਸਾਨ ਅਤੇ ਅਪੰਗਤਾ ਦੇ ਖ਼ਤਰੇ ਨੂੰ ਘਟਾਇਆ ਜਾ ਸਕਦਾ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਗੈਰ-ਸੰਚਾਰੀ ਬਿਮਾਰੀਆਂ (ਨਾਨ-ਕਮਿਊਨੀਕੇਬਲ ਡਿਜ਼ੀਜ਼) ਦੀ ਰੋਕਥਾਮ ਅਤੇ ਨਿਯੰਤਰਣ ਲਈ ਕੌਮੀ ਗੈਰ-ਸੰਚਾਰੀ ਰੋਗ ਪ੍ਰੋਗਰਾਮ (ਐਨ.ਸੀ.ਡੀ. ਪ੍ਰੋਗਰਾਮ) ਤਹਿਤ ਜ਼ਮੀਨੀ ਪੱਧਰ ’ਤੇ ਕੰਮ ਕੀਤਾ ਜਾ ਰਿਹਾ ਹੈ।

ਇਸ ਦੇ ਨਾਲ ਹੀ ਮੈਡੀਕਲ ਕਾਲਜਾਂ ਵਿੱਚ ਇਨ੍ਹਾਂ ਬਿਮਾਰੀਆਂ ਦੀ ਰੋਕਥਾਮ, ਸਮੇਂ ਸਿਰ ਪਛਾਣ ਅਤੇ ਬਿਹਤਰ ਇਲਾਜ ਲਈ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਖੋਜ ਕਾਰਜਾਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਲੋਕਾਂ ਨੂੰ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਦੀ ਸਹੂਲਤ ਦੇਣ ਦੇ ਨਾਲ-ਨਾਲ ਢੁੱਕਵਾਂ ਅਤੇ ਕਿਫ਼ਾਇਤੀ ਇਲਾਜ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਿਹਤ ਪ੍ਰਤੀ ਸੁਚੇਤ ਰਹਿਣ ਅਤੇ ਸਟ੍ਰੋਕ ਦੇ ਲੱਛਣਾਂ ਨੂੰ ਨਜ਼ਰਅੰਦਾਜ਼ ਨਾ ਕਰਨ, ਤਾਂ ਜੋ ਸਮੇਂ ਸਿਰ ਇਲਾਜ ਕਰਵਾ ਕੇ ਗੰਭੀਰ ਪੇਚੀਦਗੀਆਂ ਤੋਂ ਬਚਿਆ ਜਾ ਸਕੇ।

ਸਮਰੱਥ ਸਾਹਿੱਤਕ ਮੈਗਜ਼ੀਨ ਸ਼ਬਦ ਦਾ ਗਿਆਨੀ ਸੋਹਣ ਸਿੰਘ ਸੀਤਲ ਵਿਸ਼ੇਸ਼ ਅੰਕ

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ



ਸਾਹਿੱਤਕ ਮੈਗਜ਼ੀਨ “ਸ਼ਬਦ” ਦਾ ਕਮਾਲ ਇਹ ਹੈ ਕਿ ਇਹ ਸਾਲ ਵਿੱਚ ਦੋ ਤਿੰਨ ਵਿਸ਼ੇਸ਼ ਸਪਲੀਮੈਂਟ ਵੀ ਛਾਪਦਾ ਹੈ। ਪਿੱਛੇ ਜਹੇ ਨੰਦ ਲਾਲ ਨੂਰਪੁਰੀ ਜੀ ਬਾਰੇ ਸਪਲੀਮੈਂਟ ਨੇ ਮੈਨੂੰ ਇਸ ਦੇ ਸੰਪਾਦਕਾਂ ਹਰਜੀਤ ਅਟਵਾਲ ਤੇ ਜਿੰਦਰ ਦਾ ਕਾਇਲ ਕਰ ਲਿਆ ਸੀ।

ਇਹੋ ਜਹੇ ਵੱਡੇ ਕਾਰਜਾਂ ਕਰਨ ਲਈ ਦਰਿਆ ਜਿੱਡਾ ਦਿਲ ਚਾਹੀਦਾ ਹੈ। ਹੁਣ ਗਿਆਨੀ ਸੋਹਣ ਸਿੰਘ ਸੀਤਲ ਜੀ ਨਮਿਤ ਸਪਲੀਮੈਂਟ ਪ੍ਰਕਾਸ਼ਿਤ ਕੀਤਾ ਹੈ। ਇਹ ਸਪਲੀਮੈਂਟ ਨਹੀਂ, ਸਿਮਰਤੀ ਗਰੰਥ ਹੈ। ਤਿੰਨ ਸੌ ਤੋਂ ਵੱਧ ਪੰਨੇ।
ਬੰਦਾ ਵੀ ਤਾਂ ਮਹਾਂਪੁਰਖਾਂ ਜਿੱਡਾ ਸੀ।

ਬਾਬਾ ਬੁੱਲ੍ਹੇਸ਼ਾਹ ਦਾ ਗਿਰਾਈਂ। ਦੋਵੇਂ ਕਸੂਰ ਤਹਿਸੀਲ ਦੇ ਜੰਮੇ। ਬਾਬਾ ਬੁੱਲ੍ਹੇਸ਼ਾਹ ਪਾਂਡੋ ਕੀ ਦਾ ਤੇ ਗਿਆਨੀ ਸੋਹਣ ਸਿੰਘ ਸੀਤਲ ਕਾਦੀਵਿੰਡ ਦੇ ਪੰਨੂੰਆਂ ਦਾ ਮੁੰਡਾ। ਪਿਛਲਾ ਪਿੰਡ ਮਾੜੀ ਪੰਨੂੰਆਂ ਸੀ ਸ੍ਰੀ ਹਰਗੋਬਿੰਦਪੁਰ ਨੇੜੇ।

ਕਵੀਸ਼ਰ, ਢਾਡੀ, ਇਤਿਹਾਸਕਾਰ, ਨਾਵਲਕਾਰ ਸੀ। ਆਪਣੀਆਂ ਕਿਤਾਬਾਂ ਦਾ ਆਪੇ ਛਾਪਕ ਤੇ ਪ੍ਰਕਾਸ਼ਕ। “ਸੀਤਲ ਪੁਸਤਕ ਭੰਡਾਰ” ਸੀ ਪ੍ਰਕਾਸ਼ਨ ਦਾ ਨਾਮ।

ਮੇਰਾ ਸੁਭਾਗ ਹੈ ਕਿ ਮੈਂ ਉਨ੍ਹਾਂ ਦੀ ਰਿਹਾਇਸ਼ ਸੀਤਲ ਭਵਨ ਸਾਥ ਮਾਡਲ ਗ੍ਰਾਮ ਲੁਧਿਆਣਾ ਵਿੱਚ ਅਨੇਕ ਵਾਰ ਚਰਨ ਬੰਦਨਾ ਕੀਤੀ ਹੈ। ਸਾਦ ਮੁਰਾਦੇ ਪਰ ਅਤਿਅੰਤ ਜ਼ਹੀਨ।

ਪਿਛਲੀ ਸਦੀ ਦੇ ਸੱਤਵੇਂ ਦਹਾਕੇ ਵਿੱਚ ਜਦ ਉਨ੍ਹਾਂ ਦੇ ਨਾਵਲ “ਜੁਗ ਬਦਲ ਗਿਆ” ਨੂੰ ਭਾਰਤੀ ਸਾਹਿੱਤ ਅਕਾਡਮੀ ਪੁਰਸਕਾਰ ਮਿਲਿਆ ਤਾਂ ਸਾਡੇ ਮੁਰਸ਼ਦ ਡਾ. ਐੱਸ ਪੀ ਸਿੰਘ ਜੀ ਨੇ ਸਾਨੂੰ ਉਨ੍ਹਾਂ ਦੇ ਘਰ ਭੇਜਿਆ ਤੇ ਜੀ ਜੀ ਐੱਨ ਖ਼ਾਲਸਾ ਕਾਲਿਜ ਵਿੱਚ ਸਨਮਾਨ ਲਈ ਸੱਦਾ ਪੱਤਰ ਦੇਣ ਵੀ। ਬੜਾ ਯਾਦਗਾਰੀ ਸਮਾਗਮ ਹੋਇਆ। ਡਾ. ਰਘਬੀਰ ਸਿੰਘ ਸਿਰਜਣਾ ਨੇ ਉਨ੍ਹਾਂ ਦੀ ਨਾਵਲ ਨਿਗਾਰੀ ਬਾਰੇ ਮੁੱਖ ਭਾਸ਼ਨ ਦਿੱਤਾ ਸੀ। ਪੂਰਾ ਅਦਬੀ ਲੁਧਿਆਣਾ ਸਮਾਗਮ ਵਿੱਚ ਹਾਜ਼ਰ ਸੀ।

ਪ੍ਰੋ. ਮੋਹਨ ਸਿੰਘ ਯਾਦਗਾਰੀ ਮੇਲੇ ਵਿੱਚ ਉਨ੍ਹਾਂ ਦਾ ਢਾਡੀ ਜਥਾ ਲਗਪਗ ਹਰ ਸਾਲ ਆਉਂਦਾ। 1992 ਵਿੱਚ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ।

ਉਨ੍ਹਾਂ ਦੀ ਅੰਤਿਮ ਅਰਦਾਸ ਵਿੱਚ ਵੀ ਮੈਂ ਸ਼ਾਮਿਲ ਹੋਇਆ ਸਾਂ।

ਗੱਲ “ਸ਼ਬਦ” ਦੇ ਗਿਆਨੀ ਸੋਹਣ ਸਿੰਘ ਸੀਤਲ ਸਪਲੀਮੈਂਟ ਤੋਂ ਸ਼ੁਰੂ ਹੋਈ ਸੀ।

ਦੋ ਗਲਪਕਾਰਾਂ ਵੱਲੋਂ ਪੂਰਬਲੇ ਗਲਪਕਾਰ ਸ਼ੀਤਲ ਜੀ ਬਾਰੇ ਇਹ ਵੱਡ ਆਕਾਰੀ ਕਾਰਜ ਕਰਕੇ ਕਮਾਲ ਕਰ ਵਿਖਾਈ ਹੈ।

ਇਸ ਵਿੱਚ ਉਨ੍ਹਾਂ ਡਾ. ਗੁਰਬੀਰ ਸਿੰਘ ਬਰਾੜ ਦਾ ਵਿਸ਼ੇਸ਼ ਸਹਿਯੋਗ ਲਿਆ ਹੈ। ਗੁਰਬੀਰ “ਸੁਰਤਿ” ਦਾ ਵੀ ਸੰਪਾਦਕ ਹੈ ਤੇ ਗੁਰੂ ਨਾਨਕ ਕਾਲਿਜ ਬਟਾਲਾ ਵਿੱਚ ਪੋਸਟਗਰੈਜੂਏਟ ਪੰਜਾਬੀ ਵਿਭਾਗ ਦਾ ਮੁਖੀ ਹੈ। ਨਿੱਤ ਨਵੇਂ ਸੂਰਜ ਨਵੇਂ ਸੁਪਨੇ ਲੈ ਕੇ ਉਨ੍ਹਾਂ ਵਿੱਚ ਰੰਗ ਭਰਨ ਵਾਲਾ। ਇਸ ਵੱਡ ਆਕਾਰੀ ਸਪਲੀਮੈਂਟ ਨੂੰ ਖਰੀਦ ਕੇ ਪੜ੍ਹੀਏ ਤੇ ਆਪੋ ਆਪਣੀ ਲਾਇਬਰੇਰੀ ਦਾ ਸ਼ਿੰਗਾਰ ਬਣਾਈਏ।

‘ਸ਼ਬਦ’ ਮੈਗਜ਼ੀਨ ਦੇ ਸੰਪਾਦਕ ਜਿੰਦਰ ਅਤੇ ਹਰਜੀਤ ਅਟਵਾਲ ਦਾ ਮੁੜ ਵਿਸ਼ੇਸ਼ ਧੰਨਵਾਦ, ਜਿਨ੍ਹਾਂ ਨੇ ਗਿਆਨੀ ਸੋਹਣ ਸਿੰਘ ਸੀਤਲ ਦੀ ਬਹੁਮੁੱਲੀ ਦੇਣ ਨੂੰ ਮੁੜ ਚਰਚਾ/ਚਿੰਤਨ ਦਾ ਹਿੱਸਾ ਬਣਾਇਆ ਹੈ। ਇਹ ਕਿਸੇ ਵੀ ਯੂਨੀਵਰਸਿਟੀ ਵੱਲੋਂ ਛਪਦੇ ਵਿਸ਼ੇਸ਼ ਅੰਕ ਨਾਲੋਂ ਵੀ ਵਡਮੁੱਲਾ ਹੈ।

ਵਿਰਸੇ ਨੂੰ ਵਰਤਮਾਨ ਵਿੱਚ ਵਿਚਾਰਨਾ ਵੱਡਾ ਕਾਰਜ ਹੈ ।

ਪੀਏਯੂ ਦੇ ਸਕਾਲਰ ਬੈਗਾਂ ਨੂੰ ਨੈਸ਼ਨਲ ਫੂਡ ਕਾਨਫਰੰਸ 2026 ਵਿੱਚ ਓਰਲ ਪ੍ਰੈਜ਼ੈਂਟੇਸ਼ਨ ਅਵਾਰਡ ਵਿੱਚ ਦੂਜਾ ਇਨਾਮ

ਵਰਲਡ ਪੰਜਾਬੀ ਟਾਈਮਜ਼

ਲੁਧਿਆਣਾ 30 ਅਕਤੂਬਰ : ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀਏਯੂ), ਲੁਧਿਆਣਾ ਦੇ ਫੂਡ ਸਾਇੰਸ ਐਂਡ ਟੈਕਨਾਲੋਜੀ ਵਿਭਾਗ ਵਿੱਚ ਡਾ. ਸੁਖਪ੍ਰੀਤ ਕੌਰ ਦੀ ਅਗਵਾਈ ਹੇਠ ਕੰਮ ਕਰਨ ਵਾਲੀ ਪੀਐਚ.ਡੀ. ਸਕਾਲਰ ਨਿਧੀ ਅੱਤਰੀ ਨੇ ਨੈਸ਼ਨਲ ਫੂਡ ਕਾਨਫਰੰਸ (ਏਐਫਐਸਟੀਆਈ-ਐਨਐਫਸੀ 2026) ਵਿੱਚ ਓਰਲ ਪ੍ਰੈਜ਼ੈਂਟੇਸ਼ਨ ਸ਼੍ਰੇਣੀ ਵਿੱਚ ਦੂਜਾ ਇਨਾਮ ਪ੍ਰਾਪਤ ਕਰਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਇਹ ਕਾਨਫਰੰਸ ਐਸੋਸੀਏਸ਼ਨ ਆਫ ਫੂਡ ਸਾਇੰਟਿਸਟਸ ਐਂਡ ਟੈਕਨਾਲੋਜਿਸਟਸ (ਇੰਡੀਆ), ਲੌਂਗੋਵਾਲ ਚੈਪਟਰ, ਅਤੇ ਫੂਡ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਵਿਭਾਗ, ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਐਸਐਲਆਈਈਟੀ), ਲੌਂਗੋਵਾਲ ਦੁਆਰਾ ਸਾਂਝੇ ਤੌਰ 'ਤੇ ਆਯੋਜਿਤ ਕੀਤੀ ਗਈ ਸੀ।

ਉਨ੍ਹਾਂ ਨੇ "ਇਮੇਚਿਓਰ ਡੇਟ ਫਲ ਅਤੇ ਬੀਜ ਤੋਂ ਬਾਇਓਐਕਟਿਵ ਮਿਸ਼ਰਣਾਂ ਦੇ ਤੁਲਨਾਤਮਕ ਮੁਲਾਂਕਣ ਅਤੇ ਅਨੁਕੂਲਨ" ਸਿਰਲੇਖ ਵਾਲੀ ਆਪਣੀ ਖੋਜ ਪੇਸ਼ ਕੀਤੀ। ਕਾਨਫਰੰਸ ਵਿੱਚ ਨਾਮਵਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਦੇ ਪ੍ਰਮੁੱਖ ਖੋਜਕਰਤਾਵਾਂ, ਸਿੱਖਿਆ ਸ਼ਾਸਤਰੀਆਂ ਅਤੇ ਉਦਯੋਗ ਮਾਹਰਾਂ ਦੀ ਭਾਗੀਦਾਰੀ ਦੇਖਣ ਨੂੰ ਮਿਲੀ। ਇਸ ਪੁਰਸਕਾਰ ਨੇ ਅਪੂਰਣ ਖਜੂਰ ਦੇ ਫਲਾਂ ਅਤੇ ਬੀਜਾਂ ਤੋਂ ਬਾਇਓਐਕਟਿਵ ਮਿਸ਼ਰਣਾਂ ਦੇ ਕੱਢਣ ਨੂੰ ਅਨੁਕੂਲ ਬਣਾਉਣ ਲਈ ਤਾਗੁਚੀ ਮਾਡਲਿੰਗ ਦੀ ਵਰਤੋਂ 'ਤੇ ਉਸਦੀ ਖੋਜ ਨੂੰ ਮਾਨਤਾ ਦਿੱਤੀ। ਅਧਿਐਨ ਨੇ ਫਲਾਂ ਅਤੇ ਬੀਜਾਂ ਦੋਵਾਂ ਤੋਂ ਕੀਮਤੀ ਬਾਇਓਐਕਟਿਵ ਮਿਸ਼ਰਣਾਂ ਦੀ ਰਿਕਵਰੀ ਲਈ ਵਾਅਦਾ ਕਰਨ ਵਾਲੇ ਕੱਚੇ ਮਾਲ ਵਜੋਂ ਚਾਰ ਖਜੂਰ ਕਿਸਮਾਂ, ਜਿਵੇਂ ਕਿ ਮੇਡਜੂਲ, ਹੱਲਾਵੀ, ਮਾਨਸੀ ਅਤੇ ਬਰਹੀ ਦੀ ਸੰਭਾਵਨਾ ਦੀ ਪੜਚੋਲ ਕੀਤੀ। ਇਹ ਖੋਜ ਦੂਜੇ ਦਰਜੇ ਦੀਆਂ ਖਜੂਰਾਂ ਦੀ ਵਰਤੋਂ ਦੇ ਦਾਇਰੇ ਨੂੰ ਵੀ ਉਜਾਗਰ ਕਰਦੀ ਹੈ, ਜਿਨ੍ਹਾਂ ਦੀ ਅਕਸਰ ਘੱਟ ਵਰਤੋਂ ਕੀਤੀ ਜਾਂਦੀ ਹੈ, ਮੁੱਲ ਜੋੜਨ ਅਤੇ ਕਾਰਜਸ਼ੀਲ ਭੋਜਨ ਸਮੱਗਰੀ ਦੇ ਵਿਕਾਸ ਲਈ, ਇਸ ਤਰ੍ਹਾਂ ਭੋਜਨ ਦੀ ਰਹਿੰਦ-ਖੂੰਹਦ ਨੂੰ ਘੱਟ ਤੋਂ ਘੱਟ ਕਰਨ ਅਤੇ ਖੇਤੀਬਾੜੀ ਸਰੋਤਾਂ ਦੀ ਟਿਕਾਊ ਵਰਤੋਂ ਵਿੱਚ ਯੋਗਦਾਨ ਪਾਉਂਦੀ ਹੈ।

ਇਹ ਪ੍ਰਾਪਤੀ PAU (ਪੀ.ਏ.ਯੂ.) ਦੇ ਖੋਜਕਰਤਾਵਾਂ ਦੁਆਰਾ ਹਾਸਲ ਕੀਤੇ ਗਏ ਸਨਮਾਨਾਂ ਦੀ ਵਧਦੀ ਸੂਚੀ ਵਿੱਚ ਇੱਕ ਹੋਰ ਵਾਧਾ ਹੈ ਅਤੇ ਇਹ ਖੋਜ ਦੇ ਖੇਤਰ ਵਿੱਚ ਉੱਤਮਤਾ, ਨਵੀਨਤਾ ਅਤੇ ਟਿਕਾਊ ਖੁਰਾਕ ਤਕਨੀਕਾਂ ਦੇ ਵਿਕਾਸ ਪ੍ਰਤੀ ਯੂਨੀਵਰਸਿਟੀ ਦੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਮਾਣਯੋਗ ਉਪ-ਕੁਲਪਤੀ ਡਾ. ਐਚ. ਐਸ. ਧਾਲੀਵਾਲ, ਖੋਜ ਨਿਰਦੇਸ਼ਕ ਡਾ. ਏ. ਐਸ. ਢੱਟ, ਪੋਸਟ-ਗ੍ਰੈਜੂਏਟ ਸਟੱਡੀਜ਼ ਦੇ ਡੀਨ ਡਾ. ਹਰਮਿੰਦਰ ਸਿੰਘ, ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਅਤੇ ਫੂਡ ਸਾਇੰਸ ਐਂਡ ਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਬਲਜੀਤ ਸਿੰਘ ਨੇ ਇਸ ਖੋਜਾਰਥੀ ਨੂੰ ਉਸਦੀ ਪ੍ਰਾਪਤੀ 'ਤੇ ਵਧਾਈ ਦਿੱਤੀ ਅਤੇ ਖੋਜ ਦੇ ਖੇਤਰ ਵਿੱਚ ਪਾਏ ਗਏ ਉਸਦੇ ਯੋਗਦਾਨ ਦੀ ਸ਼ਲਾਘਾ ਕੀਤੀ।